-240-

69

ਨੰ: 10/28/2014-3ਬਅ/ 28673 7/1

ਪੰਜਾਬ ਸਰਕਾਰ

ਚੌਕਸੀ ਵਿਭਾਗ

(ਬਜਟ ਅਤੇ ਅਮਲਾ ਸ਼ਾਖਾ)

ਸੇਵਾ ਵਿਖੇ,

ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ
ਅਤੇ ਰਾਜ ਦੇ ਸਾਰੇ ਡਿਪਟੀ ਕਮਿਸ਼ਨਰਜ਼।

ਮਿਤੀ,ਚੰਡੀਗੜ੍ਹ: 11 ਅਗਸਤ 2014

ਵਿਸ਼ਾ: ਦੋਸ਼ੀ ਜਨ ਸੇਵਕਾਂ ਅਧਿਕਾਰੀਆਂ/ਕਰਮਚਾਰੀਆਂ ਦੀ ਤੈਨਾਤੀ ਬਾਰੇ।

****

ਸ੍ਰੀਮਾਨ ਜੀ,

ਮੈਨੂੰ ਆਪ ਦਾ ਧਿਆਨ ਉਪਰੋਕਤ ਵਿਸ਼ੇ ਤੇ ਦਿਵਾਉਣ ਅਤੇ ਲਿਖਣ ਦੀ ਹਦਾਇਤ ਹੋਈ ਹੈ ਕਿ ਸਰਕਾਰ ਦੇ ਧਿਆਨ ਵਿਚ ਆਇਆ ਹੈ ਕਿ ਰੰਗੇ ਹੱਥੀ ਗ੍ਰਿਫਤਾਰ ਕੀਤੇ ਗਏ ਅਧਿਕਾਰੀ/ਕਰਮਚਾਰੀ ਜਦੋਂ ਪੁਲਿਸ ਰਿਮਾਂਡ/ਅਦਾਲਤੀ ਹਵਾਲਾਤ ਕੱਟਣ ਤੋਂ ਬਾਅਦ ਆਪਣੀ ਜਮਾਨਤ ਕਰਵਾ ਲੈਂਦੇ ਹਨ ਤਾਂ ਉਨ੍ਹਾਂ ਦੇ ਪ੍ਰਬੰਧਕੀ ਵਿਭਾਗ ਵੱਲੋਂ ਉਨ੍ਹਾਂ ਨੂੰ ਸਰਕਾਰੀ ਨੌਕਰੀ ਤੇ ਬਹਾਲ ਕਰਨ ਉਪਰੰਤ ਸਬੰਧਿਤ ਦੋਸ਼ੀ ਅਧਿਕਾਰੀ/ਕਰਮਚਾਰੀ ਦੀ ਤੈਨਾਤੀ ਕਈ ਵਾਰ ਉਸੇ ਸਥਾਨ ਤੇ ਕਰ ਦਿੱਤੀ ਜਾਂਦੀ ਹੈ ਜਿੱਥੇ ਉਸਨੂੰ ਰਿਸ਼ਵਤ ਲੈਂਦੇ ਹੋਏ ਗ੍ਰਿਫਤਾਰ ਕੀਤਾ ਗਿਆ ਸੀ। ਅਜਿਹਾ ਹੋਣ ਨਾਲ ਦੋਸ਼ੀ ਵੱਲੋਂ ਮੁੱਦਈ/ਸਰਕਾਰੀ ਗਵਾਹ ਨੂੰ ਪ੍ਰਭਾਵਿਤ ਕੀਤਾ ਜਾ ਸਕਦਾ ਹੈ ਜਾਂ ਸਬੰਧਿਤ ਦਸਤਾਵੇਜ਼ਾਂ ਨਾਲ ਛੇੜ-ਛਾੜ ਕੀਤੀ ਜਾਂ ਸਕਦੀ ਹੈ ਜਿਸ ਨਾਲ ਮੁਕੱਦਮੇ ਦੀ ਤਫਤੀਸ਼ ਵੀ ਪ੍ਰਭਾਵਿਤ ਹੋ ਸਕਦੀ ਹੈ। ਇਸ ਤੋਂ ਇਲਾਵਾ ਇਹ ਜਿੱਥੇ ਪ੍ਰਸ਼ਾਸ਼ਨਿਕ ਤੌਰ ਤੇ ਉਚਿੱਤ ਨਹੀਂ ਹੈ, ਇਸ ਦਾ ਆਮ ਜਨਤਾ ਅਤੇ ਹੋਰ ਅਧਿਕਾਰੀਆਂ/ਕਰਮਚਾਰੀਆਂ ਤੇ ਬਹੁਤ ਮਾੜਾ ਪ੍ਰਭਾਵ ਪੈਂਦਾ ਹੈ।

2. ਸਰਕਾਰ ਸਵੱਛ, ਇਮਾਨਦਾਰ ਤੇ ਸੁਚੱਜਾ ਪ੍ਰਸ਼ਾਸ਼ਨ ਦੇਣ ਲਈ ਵਚਨਬੱਧ ਹੈ। ਸਰਕਾਰ ਵੱਲੋਂ ਫੈਸਲਾ ਲਿਆ ਗਿਆ ਹੈ ਕਿ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਰੋਕੂ ਐਕਟ 1988 ਦੇ ਤਹਿਤ ਰਿਸ਼ਵਤ ਲੈਂਦੇ ਰੰਗੇ ਹੱਥੀ ਗ੍ਰਿਫਤਾਰ ਕੀਤੇ ਗਏ ਅਧਿਕਾਰੀਆਂ/ਕਰਮਚਾਰੀਆਂ ਨੂੰ ਕੇਸ ਦਾ ਫੈਸਲਾ ਹੋਣ ਤੱਕ ਨੌਕਰੀ ਵਿਚ ਸਮਰੱਥ ਅਧਿਕਾਰੀ ਵੱਲੋਂ ਨਿਯਮਾਂ/ਹਦਾਇਤਾਂ ਦਾ ਧਿਆਨ ਰੱਖਦੇ ਹੋਏ ਜੇਕਰ ਬਹਾਲ ਕੀਤਾ ਜਾਂਦਾ ਹੈ ਤਾਂ ਬਹਾਲ ਕਰਨ ਉਪਰੰਤ ਉਸੇ ਸਥਾਨ/ਸੀਟ ਤੇ ਮੁੜ ਤੈਨਾਤ ਨਾ ਕੀਤਾ ਜਾਵੇ ਅਤੇ ਉਸ ਨੂੰ ਦੂਰ ਸਥਾਨ ਤੇ ਭਾਵ ਕਿਸੇ ਹੋਰ ਜ਼ਿਲ੍ਹੇ ਜਾਂ ਦਫਤਰ ਵਿਚ ਤੈਨਾਤ ਕੀਤਾ

ਚੱਲਦਾ ਪੰਨਾ----

ਜਾਵੇ। ਜੇ ਕਿਸੇ ਹੋਰ ਜ਼ਿਲ੍ਹੇ ਵਿਚ ਵਿਭਾਗੀ ਦਫਤਰ ਨਾ ਹੋਵੇ ਜਾਂ ਹੈੱਡ ਕੁਆਰਟਰ ਤੇ ਹੀ ਲਾਉਣਾ ਪੈਂਦਾ ਹੋਵੇ ਤਾਂ ਉਸ ਨੂੰ ਕਿਸੇ ਹੋਰ ਸ਼ਾਖਾ/ਸੀਟ ਤੇ ਤੈਨਾਤ ਕੀਤਾ ਜਾਵੇ। ਇਸ ਤੋਂ ਇਲਾਵਾ ਇਹ ਵੀ ਖਾਸ ਧਿਆਨ ਰੱਖਿਆ ਜਾਵੇ ਕਿ ਅਜਿਹੇ ਅਧਿਕਾਰੀ/ਕਰਮਚਾਰੀ ਨੂੰ ਪਬਲਿਕ ਡੀਲਿੰਗ ਵਾਲੀ ਸੀਟ ਤੇ ਤੈਨਾਤ ਨਾਂ ਕੀਤਾ ਜਾਵੇ।

3. ਉਕਤ ਹਦਾਇਤਾਂ ਆਪ ਦੇ ਅਧੀਨ ਕੰਮ ਕਰ ਰਹੇ ਸਬੰਧਿਤ ਅਧਿਕਾਰੀਆਂ ਦੇ ਧਿਆਨ ਵਿਚ ਇਨ੍ਹਾਂ ਦੀ ਇੰਨ-ਬਿੰਨ ਪਾਲਣਾ ਕਰਨ ਹਿੱਤ ਲਿਆ ਦਿੱਤੀਆਂ ਜਾਣ।

ਵਿਸ਼ਵਾਸ਼ਪਾਤਰ

ਸੰਯੁਕਤ ਸਕੱਤਰ ਚੌਕਸੀ

ਉਪਰੋਕਤ ਦਾ ਇੱਕ ਉਤਾਰਾ ਸਮੂਹ ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੰਯੁਕਤ ਸਕੱਤਰ ਚੌਕਸੀ

ਸੇਵਾ ਵਿਖੇ,

ਸਮੂਹ ਵਿੱਤੀ ਕਮਿਸ਼ਨਰ,।
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ,
ਪੰਜਾਬ।

ਅੰ:ਵਿ:ਪੱ:ਨੰ:10/28/2014-3ਬਅ/ 28637/2 ਮਿਤੀ,ਚੰਡੀਗੜ੍ਹ: 11 ਅਗਸਤ 2014